# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 04-03-2025**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਸਪੱਸ਼ਟ ਕੀਤਾ ਕਿ ਟਿਕਾਊ ਅਤੇ ਸਮਾਵੇਸ਼ੀ ਵਿਕਾਸ ਲਈ ਵਸੀਲਿਆਂ ਦਾ ਪ੍ਰਬੰਧਨ, ਕੁਸ਼ਲਤਾ ਅਤੇ ਨਿਰਪੱਖਤਾ ਨਾਲ  ਕੀਤਾ ਜਾਣਾ ਚਾਹੀਦਾ ਏ ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੇਸ਼ ਦੇ ਆਰਥਿਕ ਵਿਕਾਸ ਵਿੱਚ MSME ਖੇਤਰ ਦੀ ਪਰਿਵਰਤਨਕਾਰੀ ਭੂਮਿਕਾ 'ਤੇ ਚਰਚਾ ਕੀਤੀ ,ਕਿਹਾ ਸਰਕਾਰ ਆਤਮ..ਨਿਰਭਰ ਭਾਰਤ ਦੇ ਦ੍ਰਿਸ਼ਟੀਕੋਣ ਨਾਲ ਕੰਮ ਕਰ ਰਹੀ ਏ ।
- ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ ਤਰੁਨਪ੍ਰੀਤ ਸਿੰਘ ਸੌਂਦ ਨੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਵਾਸਤੇ ਮੁਹਿੰਮ ਸ਼ੁਰੂ ਕਰਨ ਲਈ ਕਿਹਾ I
- ਪੱਛਮੀ ਕਮਾਨ ਦਾ ਦੋ ਦਿਨਾਂ ਮਸ਼ੀਨੀ ਯੁੱਧ ਵਿੱਚ ਤਕਨੀਕੀ ਵਿਕਾਸ ਬਾਰੇ ਸੈਮੀਨਾਰ ਅੱਜ ਸਮਾਪਤ ਹੋਇਆ ।

- ICC ਚੈਂਪੀਅਨਜ਼ ਟਰਾਫੀ ਕ੍ਰਿਕੇਟ ਦਾ ਪਹਿਲਾਂ ਸੈਮੀਫਾਈਨਲ ਭਾਰਤ ਅਤੇ ਆਸਟਰੇਲੀਆ ਦਰਮਿਆਨ ਖੇਡਿਆ ਜਾ ਰਿਹਾ ਏ,ਆਸਟਰੇਲੀਆ ਨੇ ਭਾਰਤ ਸਾਹਮਣੇ ਜਿੱਤ ਲਈ 265 ਦੌੜਾਂ ਦਾ ਟੀਚਾ ਰੱਖਿਆ।

------------------------------------------------------------------

ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਸਪੱਸ਼ਟ ਕੀਤਾ ਕਿ ਟਿਕਾਊ ਅਤੇ ਸਮਾਵੇਸ਼ੀ ਵਿਕਾਸ ਲਈ ਵਸੀਲਿਆਂ ਦਾ ਪ੍ਰਬੰਧਨ, ਕੁਸ਼ਲਤਾ ਅਤੇ ਨਿਰਪੱਖਤਾ ਨਾਲ ਕੀਤਾ ਜਾਣਾ ਚਾਹੀਦਾ ਏ। ਰਾਸ਼ਟਰਪਤੀ ਨੇ ਇਹ ਗੱਲ ਅੱਜ ਰਾਸ਼ਟਰਪਤੀ ਭਵਨ ਵਿੱਚ ਭਾਰਤੀ ਮਾਲ ਸੇਵਾ ਦੇ ਅਧਿਕਾਰੀ ਸਿਖਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਹੀ। ਉਨ੍ਹਾਂ ਕਿਹਾ ਕਿ ਦੇਸ਼ ਦਾ ਬੁਨਿਆਦੀ ਢਾਂਚਾ ਵਧ ਰਿਹਾ ਏ , ਡਿਜੀਟਲ ਕਨੈਕਟੀਵਿਟੀ ਪਾੜੇ ਨੂੰ ਪੂਰਾ ਕਰ ਰਹੀ ਏ। ਹੁਣ ਆਰਥਿਕ ਮੌਕੇ ਪਹਿਲਾਂ ਨਾਲੋਂ ਜ਼ਿਆਦਾ ਪਹੁੰਚਯੋਗ ਹੋ ਗਏ ਨੇ। ਰਾਸ਼ਟਰਪਤੀ ਨੇ ਕਿਹਾ ਕਿ ਭਾਰਤੀ ਮਾਲ ਸੇਵਾ ਦੇ ਅਧਿਕਾਰੀਆਂ ਦਾ ਕੰਮ ਸ਼ਾਸਨ ਅਤੇ ਭਲਾਈ ਲਈ ਸਭ ਤੋਂ ਮਹੱਤਵਪੂਰਨ ਕਾਰਜਾਂ ਵਿੱਚੋਂ ਇੱਕ ਏ। ਉਨ੍ਹਾਂ ਇਹ ਵੀ ਕਿਹਾ ਕਿ ਭਾਰਤੀ ਮਾਲ ਸੇਵਾ ਦੇ ਅਧਿਕਾਰੀ ਇਹ ਸੁਨਿਸ਼ਚਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ ਕਿ ਇਹ ਜ਼ਰੂਰੀ ਸਰੋਤ ਨਿਰਪੱਖ, ਪ੍ਰਭਾਵਸ਼ਾਲੀ ਅਤੇ ਪਾਰਦਰਸ਼ੀ ਢੰਗ

ਨਾਲ ਸੰਭਾਲੇ ਜਾਣ। ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਬਦਲਦੇ ਸਮੇਂ, ਵਧਦੀਆਂ ਉਮੀਦਾਂ ਅਤੇ ਸਰਕਾਰੀ ਪਹਿਲਕਦਮੀਆਂ ਨੇ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਕੀਤੀ ਏ , ਜਿਸ ਵਿੱਚ ਵਧੇਰੇ ਕੁਸ਼ਲਤਾ, ਪਾਰਦਰਸ਼ਤਾ ਅਤੇ ਸਹੂਲਤ ਏ।

---------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਸਰਕਾਰ ਆਤਮ-ਨਿਰਭਰ ਭਾਰਤ ਦੇ ਦ੍ਰਿਸ਼ਟੀਕੋਣ ਨਾਲ ਕੰਮ ਕਰ ਰਹੀ ਏ। ਸਰਕਾਰ ਨੇ ਸੁਧਾਰਾਂ ਦੀ ਗਤੀ ਨੂੰ ਤੇਜ਼ ਕੀਤਾ ਏ। ਉਨ੍ਹਾਂ ਕਿਹਾ ਕਿ ਦੇਸ਼ ਨੇ ਪਿਛਲੇ ਦਸ ਸਾਲਾਂ ਵਿੱਚ ਸੁਧਾਰ, ਵਿੱਤੀ ਅਨੁਸ਼ਾਸਨ, ਪਾਰਦਰਸ਼ਤਾ ਅਤੇ ਸਮਾਵੇਸ਼ੀ ਵਿਕਾਸ ਪ੍ਰਤੀ ਆਪਣੀ ਨਿਰੰਤਰ ਵਚਨਬੱਧਤਾ ਦਾ ਪ੍ਰਦਰਸ਼ਨ ਕੀਤਾ ਏ। ਅਰਥ-ਵਿਵਸਥਾ ਵਿੱਚ ਸੂਖਮ ਲਾਗਹੁ ਤੇ ਦਰਮਿਆਨੇ ਉਦਯੋਗਾਂ MSME ਦੇ ਮਹੱਤਵ 'ਤੇ ਚਾਨਣਾ ਪਾਉਂਦਿਆਂ ਸ਼੍ਰੀ ਮੋਦੀ ਨੇ ਅੱਜ ਕਿਹਾ ਕਿ MSME ਦੇਸ਼ ਦੇ ਆਰਥਿਕ ਵਿਕਾਸ ਵਿੱਚ ਪਰਿਵਰਤਨਕਾਰੀ ਭੂਮਿਕਾ ਨਿਭਾਉਂਦੇ ਨੇ। BYTE ਸ਼੍ਰੀ ਮੋਦੀ ਵਿਕਾਸ, ਨਿਰਮਾਣ, ਨਿਰਯਾਤ ਅਤੇ ਕਾਰੋਬਾਰ ਕਰਨ ਵਿੱਚ ਅਸਾਨੀ, ਰੈਗੂਲੇਟਰੀ, ਨਿਵੇਸ਼ ਅਤੇ ਪ੍ਰਮਾਣੂ ਊਰਜਾ ਮਿਸ਼ਨਾਂ ਵਿੱਚ ਸੁਧਾਰ ਦੇ ਮੁੱਖ ਚਾਲਕ ਦੇ ਰੂਪ ਵਿੱਚ MSME ਖੇਤਰ 'ਤੇ ਬਜਟ ਤੋਂ ਬਾਅਦ ਦੇ ਇੱਕ ਵੈਬੀਨਾਰ ਨੂੰ ਸੰਬੋਧਨ ਕਰ ਰਹੇ ਸਨ।

ਸ੍ਰੀ ਮੋਦੀ ਨੇ ਕਿਹਾ ਕਿ ਬਜਟ ਨੇ ਨਿਰਮਾਣ ਅਤੇ ਬਰਾਮਦ ਨੂੰ ਉਤਸ਼ਾਹਿਤ ਕਰਨ ਲਈ ਮਹੱਤਵਪੂਰਨ ਕਦਮ ਚੁੱਕੇ ਹਨ। ਉਨ੍ਹਾਂ ਕਿਹਾ ਕਿ ਨਿਰੰਤਰਤਾ ਅਤੇ ਸੁਧਾਰਾਂ ਦੇ ਭਰੋਸੇ ਨੇ ਉਦਯੋਗ ਵਿੱਚ ਨਵਾਂ ਵਿਸ਼ਵਾਸ ਪੈਦਾ ਕੀਤਾ ਏ। ਸ੍ਰੀ ਮੋਦੀ ਨੇ ਕਿਹਾ ਕਿ ਸਰਕਾਰ ਦੇ ਯਤਨਾਂ ਨੇ ਅਰਥ-ਵਿਵਸਥਾ 'ਤੇ ਕੋਵਿਡ ਦੇ ਪ੍ਰਭਾਵ ਨੂੰ ਘੱਟ ਕੀਤਾ ਏ।

---------------------------------------------------------------------------

ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ ਅੱਜ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਫਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ ਸਿਵਲ ਤੇ ਪੁਲਿਸ ਪ੍ਰਸ਼ਾਸ਼ਨ ਦੇ ਅਧਿਕਾਰੀਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਓਹਨਾ ਕਿਹਾ ਕਿ ਨਸ਼ਿਆਂ ਦਾ ਖਾਤਮਾ ਕਰਨ ਲਈ ਮਾਸਟਰ ਪਲਾਨ ਤਿਆਰ ਕੀਤਾ ਜਾਵੇ ਅਤੇ ਸਕੂਲਾਂ ਕਾਲਜਾਂ ਦੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਵਿਆਪਕ ਪੱਧਰ 'ਤੇ ਮੁਹਿੰਮ ਸ਼ੁਰੂ ਕੀਤੀ ਜਾਵੇ, ਤਾਂ ਜੋ ਸਾਡੀ ਆਉਣ ਵਾਲੀ ਪੀੜ੍ਹੀ ਨਸ਼ਿਆਂ ਦੀ ਗ੍ਰਿਫਤ ਵਿੱਚ ਨਾ ਫਸ ਸਕੇ। ਉਨ੍ਹਾਂ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਜ਼ਿਲ੍ਹੇ ਦਾ ਇੱਕ ਹੈਲਪ ਲਾਇਨ ਨੰਬਰ ਜਾਰੀ ਕਰਨ ਲਈ ਵੀ ਜ਼ਿਲ੍ਹਾ

ਅਧਿਕਾਰੀਆਂ ਨੂੰ ਹਦਾਇਤ ਕੀਤੀ। ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਆਪਣੇ ਪਹਿਲੇ ਤਿੰਨ ਸਾਲਾਂ ਦੌਰਾਨ 6500 ਤੋਂ ਵੱਧ ਵੱਡੇ ਨਸ਼ਾ ਤਸਕਰ ਅਤੇ ਸਾਲ 2022 ਤੋਂ ਹੁਣ ਤੱਕ 45 ਹਜ਼ਾਰ ਛੋਟੇ ਨਸ਼ਾ ਤਸਕਰ ਕਾਬੂ ਕਰਕੇ ਤਸਕਰਾਂ 'ਤੇ 30 ਹਜ਼ਾਰ ਤੋਂ ਵੱਧ ਐਨ.ਡੀ.ਪੀ.ਐਸ. ਐਕਟ ਅਧੀਨ ਪਰਚੇ ਦਰਜ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਨਸ਼ਾ ਤਸਕਰਾਂ ਤੇ ਪੁਲਿਸ ਮੁਲਾਜ਼ਮਾਂ ਦੇ ਗਠਜੋੜ ਨੂੰ ਤੋੜਨ ਵਾਸਤੇ 10 ਹਜ਼ਾਰ ਤੋਂ ਵੱਧ ਪੁਲਿਸ ਮੁਲਾਜ਼ਮਾਂ ਦੀਆਂ ਬਦਲੀਆਂ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਹੁਣ ਤੱਕ ਨਸ਼ਾ ਤਸਕਰਾਂ ਦੀ 612 ਕਰੋੜ ਦੀ ਸੰਪਤੀ ਵੀ ਜਬਤ ਕੀਤੀ ਜਾ ਚੁੱਕੀ ਏ। ਸ੍ਰੀ ਸੌਂਦ ਨੇ ਜ਼ਿਲ੍ਹਾ ਅਧਿਕਾਰੀਆਂ ਨੂੰ ਕਿਹਾ ਕਿ ਨਸ਼ਿਆਂ ਦਾ ਖਾਤਮਾ ਕਰਨ ਦੀ ਚੁਣੌਤੀ ਬਹੁਤ ਵੱਡੀ ਏ ਅਤੇ ਇਹ ਤਾਂ ਹੀ ਜਿੱਤੀ ਜਾ ਸਕਦੀ ਏ ਜੇਕਰ ਹਰੇਕ ਅਧਿਕਾਰੀ ਇਸ ਨੂੰ ਆਪਣੀ ਸਮਾਜਿਕ ਜ਼ਿੰਮੇਵਾਰੀ ਸਮਝ ਕੇ ਪੂਰਨ ਸਹਿਯੋਗ ਦੇਵੇ। ਉਨ੍ਹਾਂ ਨਸ਼ਿਆਂ ਦੇ ਖਾਤਮੇ ਲਈ ਸ਼ੁਰੂ ਕੀਤੀ ਇਸ ਮੁਹਿੰਮ ਵਿੱਚ ਪਿੰਡਾਂ ਦੀਆਂ ਪੰਚਾਇਤਾਂ ਦੇ ਸਹਿਯੋਗ ਲਈ ਵੀ ਕਿਹਾ । ਓਹਨਾ ਆਮ ਲੋਕਾਂ ਨੂੰ ਵੀ ਨਸ਼ਿਆਂ ਦੇ ਸੌਦਾਗਰਾਂ ਬਾਰੇ ਬੇਖੌਫ ਹੋ ਕੇ ਪੁਲਿਸ ਪ੍ਰਸ਼ਾਸ਼ਨ ਨੂੰ ਸੂਚਿਤ ਕਰਨ ਲਈ ਕਿਹਾ ।

-------------------------------------------------------------------

ਪੱਛਮੀ ਕਮਾਨ ਦਾ ਦੋ ਦਿਨਾਂ ਮਸ਼ੀਨੀ ਯੁੱਧ ਵਿੱਚ ਤਕਨੀਕੀ ਵਿਕਾਸ ਬਾਰੇ ਸੈਮੀਨਾਰ ਅੱਜ ਸਮਾਪਤ ਹੋਇਆ । ਇਹ ਸਮਾਗਮ, ਜਿਸਨੇ ਸੀਨੀਅਰ ਫੌਜੀ ਅਧਿਕਾਰੀਆਂ, ਰੱਖਿਆ ਮਾਹਿਰਾਂ, ਟੈਕਨੋਲੋਜਿਸਟਾਂ ਅਤੇ ਸਟਾਰਟ-ਅੱਪਸ ਅਤੇ MSME ਸਮੇਤ ਉਦਯੋਗ ਦੇ ਆਗੂਆਂ ਨੂੰ ਇਕੱਠਾ ਕੀਤਾ। ਸੈਮੀਨਾਰ ਨੇ ਬਲਾਂ ਨੂੰ ਅਤਿ-ਆਧੁਨਿਕ, ਵਿਸ਼ੇਸ਼ ਤਕਨਾਲੋਜੀਆਂ ਨਾਲ ਸਸ਼ਕਤ ਬਣਾਉਣ ਦੇ ਤਰੀਕਿਆਂ 'ਤੇ ਡੂੰਘਾਈ ਨਾਲ ਚਰਚਾ ਕੀਤੀ। ਸੈਮੀਨਾਰ ਦੇ ਦੌਰਾਨ, ਮਾਹਿਰਾਂ ਨੇ ਤਕਨੀਕੀ ਨਵੀਨਤਾਵਾਂ, ਸਵਦੇਸ਼ੀ ਰੱਖਿਆ ਸਮਰੱਥਾਵਾਂ, ਅਤੇ ਆਧੁਨਿਕ ਟਕਰਾਵਾਂ ਲਈ ਬਲਾਂ ਨੂੰ ਤਿਆਰ ਕਰਨ ਲਈ ਵਧੀ ਹੋਈ ਕਾਰਜਸ਼ੀਲ ਪ੍ਰਭਾਵਸ਼ੀਲਤਾ 'ਤੇ ਵਿਚਾਰ-ਵਟਾਂਦਰੇ ਕੀਤੇ। ਸੈਮੀਨਾਰ ਦੇ ਮੁੱਖ ਹਿੱਸੇ ਵਿੱਚ ਵਪਾਰ-ਤੋਂ-ਖਪਤਕਾਰ (B2C) ਮੀਟਿੰਗਾਂ ਸ਼ਾਮਲ ਸਨ, ਜਿੱਥੇ ਉਦਯੋਗ ਦੇ ਪ੍ਰਤੀਨਿਧੀਆਂ ਨੇ ਪੱਛਮੀ ਕਮਾਂਡ ਵਿੱਚ ਮੌਜੂਦਾ ਜ਼ਰੂਰਤਾਂ ਨੂੰ ਸਮਝਾਉਣ ਲਈ ਖਾਸ ਏਜੰਡੇ ਨਾਲ ਬਣਾਈਆਂ ਗਈਆਂ ਸੰਬੰਧਿਤ ਭਾਰਤੀ ਫੌਜ ਦੀਆਂ ਟੀਮਾਂ ਨਾਲ ਜੁੜਿਆ। ਉਦਯੋਗ ਨਾਲ ਸੰਭਾਵੀ ਸਹਿਯੋਗ ਅਤੇ ਭਾਈਵਾਲੀ 'ਤੇ ਅਰਥਪੂਰਨ ਚਰਚਾਵਾਂ 'ਤੇ ਆਧਾਰਿਤ ਇਨ੍ਹਾਂ ਟੀਮਾਂ ਨੇ ਉਦਯੋਗ ਅਤੇ ਫੌਜ ਵਿਚਕਾਰ ਬਿਹਤਰ ਸਮਝ ਦੀ ਸਹੂਲਤ ਦਿੱਤੀ ਅਤੇ ਸਿੱਧੇ

ਸਬੰਧ ਸਥਾਪਿਤ ਕੀਤੇ। ਇਸ ਯਤਨ ਦੇ ਇੱਕ ਵੱਡੇ ਨਤੀਜੇ ਵਜੋਂ, 49 ਤਕਨੀਕੀ ਨਿਵੇਸ਼ ਚੁਣੌਤੀਆਂ ਨੂੰ ਸ਼ਾਰਟਲਿਸਟ ਕੀਤਾ ਗਿਆ ਅਤੇ ਸੰਖੇਪ ਦੇ ਰੂਪ ਵਿੱਚ ਉਦਯੋਗ ਨੂੰ ਪੇਸ਼ ਕੀਤਾ ਗਿਆ, 21 ਸੰਭਾਵਿਤ ਹੱਲ ਲੱਭੇ ਗਏ ਜਿਨ੍ਹਾਂ ਨੂੰ ਅੱਗੇ ਵਧਾਇਆ ਜਾਵੇਗਾ। ਇਨ੍ਹਾਂ ਤੋਂ ਇਲਾਵਾ, ਮਸ਼ੀਨੀ ਬਲਾਂ ਦੇ ਉਪਕਰਣਾਂ ਨਾਲ ਸਬੰਧਤ 18 ਹੱਲ ਵੀ ਲੱਭੇ ਗਏ ਜਿਨ੍ਹਾਂ ਨੂੰ ਵੱਖ-ਵੱਖ ਚੈਨਲਾਂ ਰਾਹੀਂ ਅੱਗੇ ਵਧਾਇਆ ਜਾਵੇਗਾ। ਪੱਛਮੀ ਕਮਾਂਡ ਲੈਫਟੀਨੈਂਟ ਜਨਰਲ ਮਨੋਜ ਕੁਮਾਰ ਕਟਿਆਰ ਨੇ ਭਾਗੀਦਾਰਾਂ ਦੁਆਰਾ ਸਾਂਝੀਆਂ ਕੀਤੀਆਂ ਗਈਆਂ ਅਨਮੋਲ ਸੂਝਾਂ ਨੂੰ ਸਵੀਕਾਰ ਕੀਤਾ। ਉਨ੍ਹਾਂ ਨੇ ਗੱਲਬਾਤ ਦੀ ਇਸ ਨਵੀਂ ਸ਼ੁਰੂ ਕੀਤੀ ਪ੍ਰਕਿਰਿਆ ਨੂੰ ਨਿਰੰਤਰ ਬਣਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ, ਤਾਂ ਜੋ ਇੱਕ ਜਵਾਬਦੇਹ ਈਕੋ-ਸਿਸਟਮ ਦੀ ਸਿਰਜਣਾ ਵੱਲ ਲੈ ਜਾਣ ਵਾਲੀ ਨਵੀਨਤਾ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਛੋਟੇ ਕਦਮ ਇੱਕ ਵਧੇਰੇ ਸਮਰੱਥ ਅਤੇ ਮਜ਼ਬੂਤ ਭਾਰਤੀ ਫੌਜ ਨੂੰ ਯਕੀਨੀ ਬਣਾਉਣਗੇ ਅਤੇ ਬਦਲੇ ਵਿੱਚ ਸਮੁੱਚੇ ਰਾਸ਼ਟਰ ਨਿਰਮਾਣ ਵਿੱਚ ਯੋਗਦਾਨ ਪਾਉਣਗੇ ।

---------------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਤਹਿਤ ਅੱਜ ਹਰਿਆਣਾ ਦੇ ਪਿੰਡ ਅਸਮਾਨ-ਪੁਰ ਪਿਹੋਵਾ ਦੇ ਰਹਿਣ

ਵਾਲੇ ਇੱਕ ਵਿਅਕਤੀ, ਧਰਮਪਾਲ ਨੂੰ 3 ਲੱਖ ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਏ । ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਦੋਸ਼ੀ ਨੂੰ ਇਸੇ ਪਿੰਡ ਦੇ ਇੱਕ ਵਸਨੀਕ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਮੁਤਾਬਿਕ ਪਾਤੜਾਂ ਦੇ ਇੱਕ ਨਿਵਾਸੀ ਵੱਲੋਂ ਉਸ ਖਿਲਾਫ ਦਰਜ ਕੀਤੀ ਗਈ ਝੂਠੀ ਸ਼ਿਕਾਇਤ ਕਾਰਨ ਉਸਨੂੰ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਸੀ ਅਤੇ ਵਾਰ-ਵਾਰ ਪਾਤੜਾਂ ਪੁਲਿਸ ਥਾਣੇ ਵਿੱਚ ਬੁਲਾਇਆ ਜਾ ਰਿਹਾ ਸੀ। ਮੁਲਜ਼ਮ, ਧਰਮਪਾਲ, ਸ਼ਿਕਾਇਤਕਰਤਾ ਅਤੇ ਕੁਝ ਪੁਲਿਸ ਅਧਿਕਾਰੀਆਂ ਵਿਚਕਾਰ ਪੈਸਿਆਂ ਦੇ ਲੈਣ-ਦੇਣ ਲਈ ਵਿਚੋਲਗੀ ਕਰ ਰਿਹਾ ਸੀ। ਸ਼ਿਕਾਇਤਕਰਤਾ ਨੇ ਖੁਲਾਸਾ ਕੀਤਾ ਕਿ ਉਸਨੂੰ ਦੋਸ਼ੀ ਰਾਹੀਂ ਪੁਲਿਸ ਅਧਿਕਾਰੀਆਂ ਨੂੰ 2 ਲੱਖ ਰੁਪਏ ਰਿਸ਼ਵਤ ਦੇਣ ਲਈ ਮਜਬੂਰ ਕੀਤਾ ਗਿਆ। ਇਸੇ ਤਰ੍ਹਾਂ 4 ਲੱਖ ਰੁਪਏ ਦੀ ਹੋਰ ਮੰਗ ਕੀਤੀ ਗਈ ਤੇ ਬਾਅਦ ਵਿੱਚ ਸੌਦਾ 3 ਲੱਖ ਰੁਪਏ ਵਿੱਚ ਤੈਅ ਹੋਇਆ ਸੀ। ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਦੀ ਟੀਮ ਨੇ ਮੁਲਜ਼ਮ ਨੂੰ ਸ਼ਿਕਾਇਤਕਰਤਾ ਤੋਂ 3 ਲੱਖ ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ । ਥਾਣਾ ਪਟਿਆਲਾ ਰੇਂਜ ਵਿੱਚ ਦੋਸ਼ੀ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕਦਮਾ ਦਰਜ

ਕੀਤਾ ਗਿਆ ਅਤੇ ਇਸ ਸਬੰਧੀ ਸਬੰਧਤ ਪੁਲਿਸ ਕਰਮਚਾਰੀਆਂ ਦੀ ਸ਼ਮੂਲੀਅਤ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਏ । ਓਧਰ ਵਿਜੀਲੈਂਸ ਬਿਉਰੋ ਵਲੋਂ ਜਿਲ੍ਹਾ ਮਾਨਸਾ ਦੇ ਮਾਲ ਹਲਕਾ ਬੋਹਾ ਦੇ ਪਟਵਾਰੀ ਅਮਨਦੀਪ ਸਿੰਘ ਨੂੰ 4,000 ਰੁਪਏ ਬਤੌਰ ਰਿਸ਼ਵਤ ਹਾਸਲ ਕਰਦੇ ਹੋਏ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਹੈ। ਇਹ ਪਟਵਾਰੀ ਇਕ ਜ਼ਮੀਨ ਦਾ ਇੰਤਕਾਲ ਦਰਜ ਕਰਵਾਉਣ ਲਈ 4,000 ਰੁਪਏ ਰਿਸ਼ਵਤ ਮੰਗ ਰਿਹਾ ਸੀ।

---------------------------------------------------------------

ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਉਨ੍ਹਾਂ ਦੇ ਗੈਰ-ਕਾਨੂੰਨੀ ਕਬਜ਼ਿਆਂ 'ਤੇ ਨਕੇਲ ਕੱਸਣ ਲਈ ਨਿਰੰਤਰ ਯਤਨਾਂ ਰਾਹੀਂ ਅੱਜ ਲੁਧਿਆਣਾ ਕਮਿਸ਼ਨਰੇਟ ਪੁਲਿਸ ਨੇ ਰੇਲਵੇ ਅਧਿਕਾਰੀਆਂ ਦੇ ਸਹਿਯੋਗ ਨਾਲ, ਜ਼ਿਲ੍ਹੇ ਦੇ ਤਲਵੰਡੀ ਕਲਾਂ ਪਿੰਡ ਵਿੱਚ ਦੋ ਤਸਕਰਾਂ ਦੁਆਰਾ ਰੇਲਵੇ ਜ਼ਮੀਨ 'ਤੇ ਕਬਜ਼ਾ ਕਰਕੇ ਬਣਾਏ ਗਏ ਅਣ-ਅਧਿਕਾਰਤ ਢਾਂਚੇ ਢਾਹ ਦਿੱਤੇ ਨੇ । ਇਹ ਢਾਂਚਾ ਦੋ ਨਸ਼ਾ ਤਸਕਰਾਂ ਦੁਆਰਾ ਗੈਰ-ਕਾਨੂੰਨੀ ਤੌਰ 'ਤੇ ਕਬਜ਼ਾ ਕੀਤਾ ਗਿਆ ਸੀ, ਦੋਵੇਂ ਮੁਲਜ਼ਮਾਂ ਤੇ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲੇ ਦਰਜ਼ ਨੇ । ਸਰਕਾਰੀ ਰਿਕਾਰਡ ਅਨੁਸਾਰ, ਮੁਲਜ਼ਮਾਂ ਵਿੱਚੋਂ ਇਕ ਮਹਿਲਾ ਵੀ ਸ਼ਾਮਿਲ ਏ ਜੋ ਕਿ ਇੱਕ ਬਦਨਾਮ ਨਸ਼ਾ ਤਸਕਰ ਦੱਸੀ ਗਈ ਏ

ਉਸ ਖਿਲਾਫ ਐਨ.ਡੀ.ਪੀ.ਐਸ. ਐਕਟ ਦੇ ਪੰਜ ਮਾਮਲੇ ਦਰਜ ਹਨ । ਜਦਕਿ ਦੂਜਾ ਤਸਕਰ ਸ਼ਿੰਦਰ ਪਾਲ ਏ ਜਿਸ ਖਿਲਾਫ ਨਸ਼ਾ ਤਸਕਰੀ ਦੇ 9 ਮਾਮਲੇ ਦਰਜ ਨੇ । ਡਿਪਟੀ ਕਮਿਸ਼ਨਰ ਆਫ਼ ਪੁਲਿਸ ਜਸ-ਕਿਰਨਜੀਤ ਸਿੰਘ ਤੇਜਾ ਵੱਲੋਂ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਗਿਆ ਕਿ ਇਹ ਕਾਰਵਾਈ ਰੇਲਵੇ ਵਿਭਾਗ ਵੱਲੋਂ ਦਿੱਤੀ ਦਰਖਾਸਤ ਦੇ ਆਧਾਰ 'ਤੇ ਕੀਤੀ ਗਈ ਏ ਜਿਨ੍ਹਾਂ ਗੈਰ-ਕਾਨੂੰਨੀ ਕਬਜ਼ੇ ਹਟਾਉਣ ਲਈ ਪੁਲਿਸ ਸਹਾਇਤਾ ਦੀ ਮੰਗ ਕੀਤੀ ਸੀ।

------------------------------------------------------------------

ਜਲੰਧਰ ਵਿਚ ਉਦਯੋਗਾਂ ਨੂੰ ਬਿਹਤਰ ਬੁਨਿਆਦੀ ਢਾਂਚਾ ਪ੍ਰਦਾਨ ਕਰਨ ਲਈ ਸਨਅਤਾਂ ਦੀ ਸਹੂਲਤ ਵਾਸਤੇ ਜ਼ਿਲ੍ਹੇ ਦੇ ਉਦਯੋਗਿਕ ਇਲਾਕਿਆਂ ਵਿੱਚ 4 ਕਰੋੜ 45 ਲਖ ਰੁਪਏ ਦੇ ਵਿਕਾਸ ਕਾਰਜ ਕਰਵਾਏ ਜਾਣਗੇ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਨ੍ਹਾਂ ਵਿੱਚੋਂ 2 ਕਰੋੜ 44 ਲਖ ਰੁਪਏ ਦੇ ਵਿਕਾਸ ਕਾਰਜ ਫੋਕਲ ਪੁਆਇੰਟ ਓਲਡ ਅਤੇ ਫੋਕਲ ਪੁਆਇੰਟ ਐਕਸਟੈਸ਼ਨ ਵਿੱਚ ਜਦਕਿ 2 ਕਰੋੜ ਇਕ ਲਖ ਰੁਪਏ ਦੇ ਕੰਮ ਲੈਦਰ ਕੰਪਲੈਕਸ ਅਤੇ ਸਰਜੀਕਲ ਕੰਪਲੈਕਸ ਵਿਖੇ ਨਗਰ ਨਿਗਮ ਜਲੰਧਰ ਵੱਲੋਂ ਕਰਵਾਏ ਜਾਣਗੇ।

-------------------------------------------------------------------------

ਨਸ਼ਿਆਂ ਤੋਂ ਪੀੜਤ ਲੋਕਾਂ ਦੇ ਇਲਾਜ, ਕਾਉਂਸਲਿੰਗ ਅਤੇ ਮੁੜ ਵਸੇਬੇ ਬਾਰੇ ਜਾਣਕਾਰੀ ਲੈਣ ਲਈ ਫ਼ਰੀਦਕੋਟ ਦੇ ਕਮਿਸ਼ਨਰ ਡਵੀਜਨ ਮਨਜੀਤ ਸਿੰਘ ਬਰਾੜ ਅਤੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਸਿਵਲ ਹਸਪਤਾਲ ਵਿਖੇ ਬਣੇ ਨਸ਼ਾ ਛੁਡਾਊ ਕੇਂਦਰ ਓਟ ਕਲੀਨਿਕ ਦਾ ਦੌਰਾ ਕੀਤਾ ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਤੋਂ ਇਸ ਕਿਸਮ ਦੇ ਮਰੀਜਾਂ ਦੇ ਇਲਾਜ, ਦਵਾਈ ਕੌਂਸਲਿੰਗ ਬਾਰੇ ਜਾਣਕਾਰੀ ਹਾਸਲ ਕੀਤੀ । ਮਨਜੀਤ ਸਿੰਘ ਬਰਾੜ ਨੇ ਕਿਹਾ ਕਿ ਇਸ ਮੁਹਿੰਮ ਦੀ ਸਫਲਤਾ ਲਈ ਸਮਾਜ ਦੇ ਸਾਰੇ ਵਰਗਾਂ ਦਾ ਸਹਿਯੋਗ ਜਰੂਰੀ ਏ ਤਾਂ ਜੋ ਨਸ਼ਿਆਂ ਦਾ ਸ਼ਿਕਾਰ ਲੋਕਾਂ ਦਾ ਸਫਲ ਇਲਾਜ ਕਰਕੇ ਉਨ੍ਹਾਂ ਨੂੰ ਮੁੱਖ ਧਾਰਾ ਵਿੱਚ ਲਿਆਂਦਾ ਜਾ ਸਕੇ। ਉਨ੍ਹਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਓਟ ਸੈਂਟਰਾਂ, ਨਸ਼ਾ ਛੁਡਾਊ ਕੇਂਦਰਾਂ ਵਿੱਚ ਮਰੀਜਾਂ ਦੇ ਇਲਾਜ ਲਈ ਹੋਰ ਵੱਧ ਤੋਂ ਵੱਧ ਉਪਰਾਲੇ ਕਰਨ। ਉਨ੍ਹਾਂ ਕਿਹਾ ਕਿ ਕੈਮਿਸਟਾਂ ਨਾਲ ਮੀਟਿੰਗ ਕਰਕੇ ਨਸ਼ਿਆਂ ਦੇ ਖਾਤਮੇ ਲਈ ਉਨ੍ਹਾਂ ਦਾ ਵੀ ਸਹਿਯੋਗ ਲਿਆ ਜਾਵੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਹਰ ਰੋਜ 300 ਦੇ ਕਰੀਬ ਮਰੀਜਾਂ ਦੀ ਓ.ਪੀ.ਟੀ. ਕੀਤੀ ਜਾ ਰਹੀ ਏ ਅਤੇ ਉਨ੍ਹਾਂ ਨੂੰ ਦਵਾਈ ਬਿਲਕੁਲ ਮੁਫਤ ਦਿੱਤੀ ਜਾ ਰਹੀ ਏ ।

---------------------------------------------------------------

ICC ਚੈਂਪੀਅਨਜ਼ ਟਰਾਫੀ ਕ੍ਰਿਕੇਟ ਦਾ ਪਹਿਲਾਂ ਸੈਮੀਫਾਈਨਲ, ਅੱਜ ਦੁਬਈ 'ਚ ਭਾਰਤ ਅਤੇ ਆਸਟਰੇਲੀਆ ਦਰਮਿਆਨ ਖੇਡਿਆ ਜਾ ਰਿਹਾ ਏ। ਆਸਟਰੇਲੀਆ ਨੇ ਪਹਿਲਾਂ ਬੱਲੇਬਾਜ਼ੀ ਕਰਦਿਆਂ, ਭਾਰਤ ਸਾਹਮਣੇ ਜਿੱਤ ਲਈ 265 ਦੌੜਾਂ ਦਾ ਟੀਚਾ ਰੱਖਿਆ ਏ। ਭਾਰਤੀ ਟੀਮ ਜਲਦ ਹੀ ਆਪਣੀ ਪਾਰੀ ਖੇਡੇਗੀ। ਇਸ ਤੋਂ ਪਹਿਲਾਂ, ਆਸਟਰੇਲੀਆ ਨੇ ਟਾਸ ਜਿੱਤ ਕੇ ਪਹਿਲਾਂ ਬੱਲੇਬਾਜ਼ੀ ਕਰਨ ਦਾ ਫੈਸਲਾ ਕੀਤਾ।

---------------------------------------------------------------

- ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਸਪੱਸ਼ਟ ਕੀਤਾ ਕਿ ਟਿਕਾਊ ਅਤੇ ਸਮਾਵੇਸ਼ੀ ਵਿਕਾਸ ਲਈ ਵਸੀਲਿਆਂ ਦਾ ਪ੍ਰਬੰਧਨ, ਕੁਸ਼ਲਤਾ ਅਤੇ ਨਿਰਪੱਖਤਾ ਨਾਲ ਕੀਤਾ ਜਾਣਾ ਚਾਹੀਦਾ ਏ ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੇਸ਼ ਦੇ ਆਰਥਿਕ ਵਿਕਾਸ ਵਿੱਚ MSME ਖੇਤਰ ਦੀ ਪਰਿਵਰਤਨਕਾਰੀ ਭੂਮਿਕਾ 'ਤੇ ਚਰਚਾ ਕੀਤੀ ,ਕਿਹਾ ਸਰਕਾਰ ਆਤਮ..ਨਿਰਭਰ ਭਾਰਤ ਦੇ ਦ੍ਰਿਸ਼ਟੀਕੋਣ ਨਾਲ ਕੰਮ ਕਰ ਰਹੀ ਏ ।

- ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ ਤਰੁਨਪ੍ਰੀਤ ਸਿੰਘ ਸੌਂਦ ਨੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਵਾ ਸਤੇ ਮੁਹਿੰਮ ਸ਼ੁਰੂ ਕਰਨ ਲਈ ਕਿਹਾ I
- ਪੱਛਮੀ ਕਮਾਨ ਦਾ ਦੋ ਦਿਨਾਂ ਮਸ਼ੀਨੀ ਯੁੱਧ ਵਿੱਚ ਤਕਨੀਕੀ ਵਿਕਾ ਸ ਬਾਰੇ ਸੈਮੀਨਾਰ ਅੱਜ ਸਮਾਪਤ ਹੋਇਆ।
- ICC ਚੈਂਪੀਅਨਜ਼ ਟਰਾਫੀ ਕ੍ਰਿਕੇਟ ਦਾ ਪਹਿਲਾਂ ਸੈਮੀਫਾਈਨਲ ਭਾ ਰਤ ਅਤੇ ਆਸਟਰੇਲੀਆ ਦਰਮਿਆਨ ਖੇਡਿਆ ਜਾ ਰਿਹਾ ਏ,ਆ ਸਟਰੇਲੀਆ ਨੇ ਭਾਰਤ ਸਾਹਮਣੇ ਜਿੱਤ ਲਈ 265 ਦੌੜਾਂ ਦਾ ਟੀ ਚਾ ਰੱਖਿਆ।

ਇਸਦੇ ਨਾਲ ਹੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜ 30 'ਤੇ…